**OFFICE OF EXECUTIVE ENGINEER, ESTATE**
**PATIALA CANAL CIRCLE, PATIALA**
**DEPARTMENT OF WATER RESOURCES PUNJAB**
**(email id- xenestateibpatiala@gmail.com)**

# ਨੋਟਿਸ ਬੋਲੀ

**ਮਿਤੀ 19-07-2024**

ਮਾਨਯੋਗ ਪ੍ਰਮੁੱਖ ਸਕੱਤਰ, ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ ਜੀ ਦੁਆਰਾ ਜਾਰੀ ਨੋਟਿਫਿਕੇਸ਼ਨ ਨੰਬਰ –WR-1WR04/11/2022-IW3/1/412032/2022 Dated 22-08-2022 ਅਤੇ WR-IRWR04/11/2022-IW3/2078 ਮਿਤੀ 13-06-2024 ਰਾਹੀਂ ਜਲ ਸਰੋਤ ਵਿਭਾਗ ਅਧੀਨ ਇਕ (1) ਏਕੜ ਤੋਂ ਵੱਧ ਜਮੀਨਾਂ ਨੂੰ ਲੀਜ਼ ਤੇ ਦੇਣ ਸਬੰਧੀ ਹਦਾਇਤਾਂ ਜਾਰੀ ਹੋਈਆਂ ਸੀ। ਇਹਨਾਂ ਹਦਾਇਤਾਂ ਦੀ ਪਾਲਣਾ ਵਿੱਚ ਇਸ ਦਫਤਰ ਅਧੀਨ ਹੇਠਾਂ ਦਰਸਾਈਆਂ ਗਈਆਂ ਜਮੀਨਾਂ ਨੂੰ ਖੁੱਲ੍ਹੀ ਬੋਲੀ ਰਾਹੀਂ ਇਕ ਸਾਲ ਲਈ ਦੇਣਾ ਹੈ। ਇਸ ਲਈ ਆਮ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹੇਠਾ ਦਰਸਾਈ ਜਗਾਂ ਤੇ ਨਿਸ਼ਚਿਤ ਸਮੇਂ ਤੇ ਆ ਕੇ ਜਲ ਸਰੋਤ ਵਿਭਾਗ ਦੀਆਂ ਜਮੀਨਾਂ ਨੂੰ ਖੁਲੀ ਬੋਲੀ ਰਾਹੀਂ ਲੀਜ ਤੇ ਲੈ ਸਕਦੇ ਹਨ। ਜੇਕਰ ਇਸ ਮਿਤੀ ਨੂੰ ਸਰਕਾਰੀ ਛੁੱਟੀ ਹੋ ਜਾਂਦੀ ਹੈ ਜਾਂ ਕਿਸੇ ਅਣਸੁਖਾਵੀ ਘਟਨਾਂ ਕਾਰਨ ਬੋਲੀ ਨਹੀਂ ਹੋ ਪਾਉਂਦੀ ਤਾਂ ਇਸ ਸਬੰਧੀ ਬੋਲੀ ਦੀ ਮਿਤੀ ਅੱਗੇ ਨਿਸ਼ਚਿਤ ਕੀਤੀ ਜਾਵੇਗੀ। ਬੋਲੀ ਦੇਣ ਵਾਲੇ ਚਾਹਵਾਨਾ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਉਹ ਨਿਸਚਿਤ ਸਥਾਨ ਤੇ ਪਹੁੰਚ ਕੇ ਲਾਭ ਉਠਾਉਣ। ਬੋਲੀ ਕਰਵਾਉਣ ਦੀ ਮਿਤੀ ਦਿਨ ਅਤੇ ਸਮਾਂ ਹੇਠ ਲਿਖੇ ਅਨੁਸਾਰ ਹੈ :-

- **ਇੱਕ ਏਕੜ ਤੋ ਵੱਧ ਜਮੀਨਾਂ ਜੋ ਕਿ ਇੱਕ ਸਾਲ ਲਈ ਲੀਜ ਤੇ ਦੇਣ ਜਾਣ ਵਾਲੀਆਂ ਜਮੀਨਾਂ ਦਾ ਵੇਰਵਾ :-**

| ਲੜੀ ਨੰ | ਪਿੰਡ ਦਾ ਨਾਮ | ਜਿਲ੍ਹਾ | ਏਰੀਆ ਏਕੜਾਂ ਵਿੱਚ | ਨਿਰਧਾਰਿਤ ਕੀਤਾ ਗਿਆ ਰੇਟ (ਪ੍ਰਤੀ ਏਕੜ) | ਸਕਿਊਰਟੀ (ਰਕਮ) | ਬੋਲੀ ਦਾ ਸਮਾਂ | ਬੋਲੀ ਦੀ ਮਿਤੀ | ਬੋਲੀ ਦਾ ਸਥਾਨ |
|---|---|---|---|---|---|---|---|---|
| 1 | ਧਨੌਲਾ | ਬਰਨਾਲਾ | 1.76 | 29500/- | 3000/- | ਸਵੇਰੇ 10:00 ਵਜੇ | 26-07-2024 | ਹਰੀਗੜ੍ਹ ਉਪ ਮੰਡਲ ਦਫਤਰ। |
| 2 | ਸੈਖਾਂ | ਬਰਨਾਲਾ | 2.57 | 39000/- | 4000/- | ਸਵੇਰੇ 10:00 ਵਜੇ | 26-07-2024 | ਜਿਲੇਦਾਰੀ ਦਫਤਰ ਸੈਖਾਂ |

ਸ਼ਰਤਾਂ :-

1. ਵਾਹੀਯੋਗ ਜਮੀਨ ਇੱਕ ਸਾਲ ਲਈ ਲੀਜ (ਠੇਕੇ) ਤੇ ਦਿੱਤੀ ਜਾਵੇਗੀ।
2. ਮੱਛੀ ਪਾਲਣ ਵਾਸਤੇ ਜਮੀਨ ਸੱਤ ਸਾਲ ਲਈ ਲੀਜ ਤੇ ਦਿੱਤੀ ਜਾਵੇਗੀ ਅਤੇ ਇਹਨਾਂ ਜਮੀਨਾਂ ਦੀ ਸਫਲ ਬੋਲੀ ਰਕਮ ਦੀ ਦਰ ਵਿੱਚ ਹਰ ਸਾਲ ਪਿਛਲੇ ਸਾਲ ਦੀ ਰਕਮ ਤੋਂ 5% ਦਾ ਵਾਧਾ ਕੀਤਾ ਜਾਵੇਗਾ।
3. ਹਰ ਬੋਲੀਕਾਰ ਨੂੰ ਬੋਲੀ ਸ਼ੁਰੂ ਹੋਣ ਤੋਂ ਪਹਿਲਾਂ ਕੀਮਤ ਨਿਰਧਾਰਨ ਕਮੇਟੀ ਦੁਆਰਾ ਨਿਰਧਾਰਤ ਕੀਤੀ ਗਈ ਘੱਟੋ-ਘੱਟ ਸੁਰੱਖਿਆ ਰਕਮ ਜੋ ਉਪਰ ਦਿੱਤੇ ਟੇਬਲ ਦੁਕਾਨਾ ਅਨੁਸਾਰ ਦੱਸੀ ਗਈ ਹੈ ਕੈਸ਼ ਦੇ ਤੋਰ ਤੇ ਜਮ੍ਹਾਂ ਕਰਾਉਣੀ ਪਾਉਗੀ। ਇਹ ਰਕਮ ਸਭ ਤੋਂ ਵੱਧ ਬੋਲੀ ਦੇਣ ਵਾਲੇ ਸਫਲ ਬੋਲੀਕਾਰੀ ਨੂੰ ਛੱਡ ਕੇ ਬਾਕੀ ਸਾਰੇ ਬੋਲੀਕਾਰਾਂ ਨੂੰ ਵਾਪਿਸ ਕਰ ਦਿੱਤੀ ਜਾਵੇਗੀ। ਸਭ ਤੋਂ ਵੱਧ ਬੋਲੀ ਲਾਉਣ ਵਾਲੇ ਬੋਲੀਕਾਰ ਵਲੋਂ ਜਮਾਂ ਕੀਤੀ ਗਈ ਸੁਰੱਖਿਆ ਰਕਮ ਨੂੰ ਬੋਲੀ ਦੀ ਰਕਮ ਵਿੱਚ ਅਡਜਸ਼ਟ ਕਰ ਲਿਆ ਜਾਵੇਗਾ।
4. ਸਫਲ ਬੋਲੀਕਾਰ, ਬੋਲੀ ਪ੍ਰਕਿਰਿਆ ਦੇ ਸਮਾਪਤ ਹੋਣ ਤੇ ਬੋਲੀ ਦੀ 20 % ਰਕਮ Cash/Demand Draft ਦੇ ਰੂਪ ਵਿਚ ਮੌਕੇ ਤੇ ਜਾਂ 2 ਘੰਟੇ ਦੇ ਸਮੇਂ ਅੰਦਰ ਜਮ੍ਹਾਂ ਕਰਵਾਏਗਾ। ਅਜਿਹਾ ਕਰਨ ਵਿਚ ਅਸਫਲ ਰਹਿਣ ਦੀ ਸਥੀਤੀ ਵਿਚ ਬੋਲੀ ਦੀ ਪ੍ਰਕਿਰਿਆ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਸਫਲ ਬੋਲੀਕਾਰ ਬੋਲੀ ਦੀ ਰਕਮ ਜਮ੍ਹਾਂ ਨਹੀਂ ਕਰਵਾ ਦਿੰਦਾ।
5. ਸਫਲ ਬੋਲੀਕਾਰ ਨੂੰ ਬੋਲੀ ਦੀ ਕੁੱਲ ਰਕਮ ਦਾ 20 ਪ੍ਰਤੀਸ਼ਤ ਰਕਮ ਉਸੀ ਸਮੇਂ ਜਾਂ 2 ਘੰਟੇ ਅੰਦਰ ਜਮਾਂ ਕਰਵਾਉਣੀ ਪਵੇਗੀ ਅਤੇ ਬੋਲੀ ਦੀ ਬਾਕੀ ਰਕਮ ਮੰਨਜੂਰੀ ਤੋਂ ਬਾਅਦ ਇੱਕ ਹਫਤੇ ਦੇ ਅੰਦਰ ਅੰਦਰ ਜਮਾਂ ਕਰਵਾਉਣੀ ਯਕੀਨੀ ਹੋਵੇਗੀ। ਅਜਿਹਾ ਨਾ ਕਾਰਨ ਦੀ ਸੂਰਤ ਵਿੱਚ ਬੋਲੀਕਾਰ ਨੂੰ ਅਗਲੇ ਤਿੰਨ ਸਾਲ ਲਈ ਵਿਭਾਗ ਦੀਆਂ ਬੋਲੀਆਂ ਵਿੱਚ ਹਿੱਸਾ ਲੈਣ ਤੇ ਡੀਬਾਰ ਕਰ ਦਿੱਤਾ ਜਾਵੇਗਾ।

Scanned with CamScanner

6. ਬੋਲੀ ਮੰਨਜ਼ੂਰ ਕਰਨ ਦਾ ਹੱਕ ਵਿਭਾਗ ਕੋਲ ਰਾਖਵਾ ਹੋਵੇਗਾ ।

7. ਸਫਲ ਬੋਲੀਕਾਰ ਨੂੰ ਜਮੀਨ ਤੇ ਕਿਸੇ ਤਰਾਂ ਦਾ ਬਦਲਾਅ ਕੱਚੇ, ਪੱਕੇ ਸਟਰਕਚਰ ਦੀ ਉਸਾਰੀ ਕਰਨ ਜਾਂ ਦਰਖਤ ਆਦਿ ਨੂੰ ਪੱਟਣ ਦੀਆ ਮਨਾਹੀਂ ਹੋਵੇਗੀ। ਜੇਕਰ ਜਮੀਨ ਵਿੱਚ ਕਿਸੇ ਤਰ੍ਹਾ ਦਾ ਬਦਲਾਅ ਕਰਨ ਦੀ ਜਰੂਰਤ ਜਾਪਦੀ ਹੈ ਤਾ ਸਫਲ ਬੋਲੀਕਾਰ ਵੱਲੋਂ ਇਸ ਸਬੰਧੀ ਮੰਨਜ਼ੂਰੀ ਵਿਭਾਗ ਪਾਸੋ ਲੈਣੀ ਪਵੇਗੀ ।

8. ਸਫਲ ਬੋਲੀਕਾਰ ਵਾਹੀਯੋਗ ਜਮੀਨ ਨੂੰ ਹਾੜ੍ਹੀ ਦੀ ਫਸ਼ਲ ਤੋਂ ਬਾਅਦ ਬਿਨਾਂ ਕਿਸੇ ਨੋਟਿਸ ਤੋਂ ਜਮੀਨ ਨੂੰ ਖਾਲੀ ਕਰਨਾ ਹੋਵੇਗਾ।

9. ਸਫਲ ਬੋਲੀਕਾਰ ਨੂੰ ਗਿਰਦਾਵਰੀ ਵਿੱਚ ਆਪਣੇ ਨਾਮ ਤੇ ਜਮੀਨ ਪਵਾਉਣ ਦੀ ਪ੍ਰਵਾਨਗੀ ਨਹੀਂ ਦਿੱਤੀ ਜਾਵੇਗੀ

10. ਸਫਲ ਬੋਲੀਕਾਰ ਨੂੰ ਬੋਲੀ ਮੰਨਜ਼ੂਰ ਹੋਣ ਉਪਰੰਤ ਵਿਭਾਗ ਨਾਲ ਇਕਰਾਰ ਕਰਨਾ ਪਵੇਗਾ ।

ਕਾਰਜਕਾਰੀ ਇੰਜੀਨੀਅਰ/ਅਸਟੇਟ
ਨਹਿਰ ਹਲਕਾ ਪਟਿਆਲਾ,
ਜਲ ਸਰੋਤ ਵਿਭਾਗ,ਪੰਜਾਬ ।

ਪਿੱਠ ਅੰਕਣ ਨੰਬਰ : 590-601 /2024 ਮਿਤੀ: 19 /07/2024

ਉਪਰੋਕਤ ਦਾ ਉਤਾਰਾ ਆਮ ਜਨਤਾ ਨੂੰ ਸੂਚਨਾਂ ਅਤੇ ਬੋਲੀ ਦੇਣ ਲਈ ਹੇਠ ਲਿਖਤ ਨੂੰ ਭੇਜਿਆ ਜਾਂਦਾ ਹੈ-

1. ਨਿਗਰਾਨ ਇੰਜੀਨੀਅਰ,ਪਟਿਆਲਾ ਨਹਿਰ ਹਲਕਾ ਜਲ ਸਰੋਤ ਵਿਭਾਗ, ਪੰਜਾਬ ਪਟਿਆਲਾ ।
2. ਨਿਗਰਾਨ ਇੰਜੀਨੀਅਰ, ਭਾਖੜਾ ਮੇਨ ਲਾਇਨ ਹਲਕਾ ਪਟਿਆਲਾ।
3. ਕਾਰਜਕਾਰੀ ਇੰਜੀਨੀਅਰ, ਮਾਨਸਾ/ ਲਹਿਲ ਨਹਿਰ ਅਤੇ ਗਰਾਊਂਡ ਵਾਟਰ ਮੰਡਲ ।
4. ਕਾਰਜਕਾਰੀ ਇੰਜੀਨੀਅਰ, ਬਰਨਾਲਾ ਨਹਿਰ ਮੰਡਲ ਅਤੇ ਸੰਗਰੂਰ ਨਹਿਰ ਮੰਡਲ ਨੂੰ ਲਿਖਿਆ ਜਾਦਾ ਹੈ ਕਿ ਕਾਪੀ ਨੋਟਿਸ ਬੋਰਡ ਤੇ ਲਗਾਈ ਜਾਵੇ।
5. ਡਿਪਟੀ ਕਮਿਸ਼ਨਰ, ਪਟਿਆਲਾ/ਸੰਗਰੂਰ/ਬਰਨਾਲਾ।
6. ਮੁੱਖ ਦਫਤਰ ਚੰਡੀਗੜ ਜੀ ਨੂੰ ਬੋਲੀ ਨੋਟਿਸ .ਟੀ.ਆਈ ,ਕਾਰਜਕਾਰੀ ਇੰਜੀਨੀਅਰhttps://irrigation.punjab.gov.in ਦੀ ਵੈਬ ਸਾਈਟ ਤੇ ਅਪਲੋਡ ਕਰਨ ਲਈ ਲਿਖਿਆ ਜਾਦਾ ਹੈ।
7. ਸਮੂਹ ਉਪ ਮੰਡਲ ਅਫਸਰ, ਨਹਿਰ ਹਲਕਾ ਨੂੰ ਭੇਜ ਕੇ ਲਿਖਿਆ ਜਾਦਾ ਹੈ ਕਿ ਇਸ ਸਬੰਧਤ ਇਤਲਾਹ ਕੀਤੀ ਜਾਵੇ ।
8. ਆਮ ਜਨਤਾ ਲਈ ਨੋਟਿਸ ਬੋਰਡ।

ਕਾਰਜਕਾਰੀ ਇੰਜੀਨੀਅਰ/ਅਸਟੇਟ
ਨਹਿਰ ਹਲਕਾ ਪਟਿਆਲਾ,
ਜਲ ਸਰੋਤ ਵਿਭਾਗ,ਪੰਜਾਬ ।

Scanned with CamScanner